# ਦਫਤਰ ਮਿਉਂਸਪਲ ਕੌਂਸਲ, ਜ਼ੀਰਕਪੁਰ (ਐਸ.ਏ.ਐਸ ਨਗਰ)

ਨੰਬਰ.....256 ਮਿਤੀ.....28/7/11

ਸ੍ਰੀ..... ROYALE MANSIONS

ਪੁੱਤਰ ਸ੍ਰੀ..... Promoters & Developer (Royale Empire)

ਪਤਾ..... Village Peermuchalla

**ਵਿਸ਼ਾ : ਇਮਾਰਤ ਦੀ ਉਸਾਰੀ ਦੀ ਪ੍ਰਵਾਨਗੀ ।**

ਆਪ ਦਾ ਨਕਸ਼ਾ ਨੰ:........................ਮਿਤੀ........................ ਜੋ ਵਾਕਿਆ ........................................ ਦਾ ਉਸਾਰੀ ਦਾ ਸੀ ਦੇ ਸੰਬੰਧ ਵਿੱਚ ਆਪ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਆਪ ਦੀ ਬਿਲਡਿੰਗ ਉਸਾਰੀ ਦੀ ਪ੍ਰਵਾਨਗੀ ਮਿਉਂਸਪਲ ਕੌਂਸਲ, ਜ਼ੀਰਕਪੁਰ ਵੱਲੋਂ ਨਿਮਨ ਲਿਖਤ ਅਧਾਰ 'ਪ੍ਰਵਾਨ ਕਰ ਲਿਆ ਹੈ।

1. ਆਪਣੀ ਮਲਕੀਅਤ ਜਗ੍ਹਾ ਦੇ ਪ੍ਰਵਾਨ ਨਕਸ਼ੇ ਅਨੁਸਾਰ ਉਸਾਰੀ ਕਰੋਗੇ ਅਤੇ ਮਿਉਂਸਪਲ ਕੌਂਸਲ ਦੇ ਬਿਲਡਿੰਗ ਬਾਈਲਾਜ ਦੀ ਉਲੰਘਣਾ ਨਹੀਂ ਕਰੋਗੇ।
2. ਆਪਣੇ ਨਕਸ਼ੇ ਵਿੱਚ ਦੱਸੀ ਜਗਾਂ ਦੀ ਮਲਕੀਅਤ ਦਾ ਕੋਈ ਝਗੜਾ ਪੈਦਾ ਹੋਇਆ ਅਤੇ ਉਸ ਥਾਂ ਪਰ ਮਿਉਂਸਪਲ ਕੌਂਸਲ, ਜ਼ੀਰਕਪੁਰ ਜਾਂ ਸਰਕਾਰ ਦਾ ਕਬਜ਼ਾ ਸਾਬਤ ਹੋਇਆ ਤਾਂ ਉਸ ਦੀ ਸਾਰੀ ਜਿੰਮੇਵਾਰੀ ਆਪ ਦੀ ਹੋਵੇਗੀ ਅਤੇ ਜਗ੍ਹਾਂ ਬਿਨਾਂ ਮੁਆਵਜ਼ਾ ਦਿੱਤੇ ਖਾਲੀ ਕਰਨੀ ਪਵੇਗੀ। ਇਹ ਮਨਜ਼ੂਰੀ ਕੇਵਲ ਪੰਜਾਬ ਮਿਉਂਸਪਲ ਐਕਟ, 1911 ਅਤੇ ਧਾਰਾ 189 ਅਧੀਨ ਹੈ ਅਤੇ ਜ਼ਮੀਨ ਦੀ ਮਲਕੀਅਤ ਸਬੰਧੀ ਮੁੱਖ ਅਧਿਕਾਰਾਂ ਤੇ ਇਸ ਦਾ ਕੋਈ ਅਸਰ ਨਹੀ ਹੋਵੇਗਾ।
3. ਕੰਮ ਸ਼ੁਰੂ ਕਰਨ ਤੋਂ ਪਹਿਲਾਂ ਨਿਸ਼ਾਨ ਦੇਹੀ ਮਿਉਂਸਪਲ ਕੌਂਸਲ, ਜ਼ੀਰਕਪੁਰ ਦੇ ਅਧਿਕਾਰੀ ਕਰਮਚਾਰੀ ਦੀ ਹਾਜਰੀ ਵਿੱਚ ਲਈ ਜਾਵੇ ਅਤੇ ਉਸਾਰੀ ਦੇ ਸਮੇਂ ਪ੍ਰਵਾਨ ਕੀਤੇ ਗਏ ਨਕਸ਼ੇ ਦੀ ਕਾਪੀ ਮੌਕੇ ਤੇ ਮੌਜੂਦ ਰੱਖੀ ਜਾਵੇ ਅਤੇ ਮਿਉਂਸਪਲ ਕੌਂਸਲ ਦੇ ਕਿਸੇ ਵੀ ਅਧਿਕਾਰੀ ਵੱਲੋਂ ਮੌਕੇ ਤੇ ਇਹ ਚੈਕ ਕੀਤੀ ਜਾ ਸਕਦੀ ਹੈ।
4. ਬਿਲਡਿੰਗ ਅਤੇ ਸਾਈਟ ਪਲਾਨ ਦੀ ਇੱਕ ਕਾਪੀ ਪ੍ਰਵਾਨਤ ਕਾਪੀ ਨਾਲ ਭੇਜੀ ਜਾਂਦੀ ਹੈ ਮੰਨਜ਼ੂਰੀ ਦੀ ਮਿਆਦ ਕੇਵਲ ਇੱਕ ਸਾਲ ਹੈ। ਜੇਕਰ ਮੰਨਜ਼ੂਰੀ ਤੋਂ ਇੱਕ ਸਾਲ ਦੇ ਅੰਦਰ ਉਸਾਰੀ ਨਹੀਂ ਕੀਤੀ ਜਾਂਦੀ ਤਾਂ ਮਨਜ਼ੂਰੀ ਬਿਨਾਂ ਨੋਟਿਸ ਤੋਂ ਰੱਦ ਹੋ ਜਾਵੇਗੀ।
5. ਮਕਾਨ ਦੀ ਉਸਾਰੀ ਸੁਰੂ ਕਰਨ ਦੀ ਲਿਖਤੀ ਸੂਚਨਾ ਫਾਰਮ -ਸ ਉਪਰ ਦੇਣੀ ਅਤਿ ਜ਼ਰੂਰੀ ਹੈ।
6. ਬਿਨੈਕਾਰ ਵੱਲੋਂ ਉਸਾਰੀ ਕਰਦੇ ਸਮੇਂ ਇਮਾਰਤ ਉੱਤੇ ਇੱਕ ਬੋਰਡ ਲਗਾਇਆ ਜਾਵੇਗਾ ਜਿਸ ਤੇ ਇਮਾਰਤ ਦਾ ਪਲਾਟ ਨੰਬਰ, ਮਾਲਕ ਦਾ ਨਾਮ ਅਤੇ ਉਸਾਰੀ ਦੀ ਸੁਪਰਵੀਜਨ ਕਰਨ ਵਾਲੇ ਆਰਕੀਟੈਕਟ/ਇੰਜੀਨੀਅਰ /ਡਰਾਫਟਸਮੈਟ/ਸਰਵੇਅਰ ਦਾ ਨਾਮ ਲਿਖਿਆ ਹੋਵੇ।
7. ਬਿਨੈਕਾਰ ਵਲੋਂ ਉਸਾਰੀ ਸਮੇਂ ਨੀਹਾਂ ਪੁੱਟਦੇ, ਨੀਹਾਂ ਭਰਨ, ਪਲਿੰਥ ਬਣਾਉਣ, ਪਹਿਲੀ ਮੰਜਿਲ ਅਤੇ ਹੋਰ ਮੰਜ਼ਿਲਾਂ ਉਸਾਰਨ ਅਤੇ ਇਮਾਰਤ ਦੀ ਉਸਾਰੀ ਮੁਕੰਮਲ ਹੋਣ ਅਤੇ ਰਿਹਾਇਸ਼ ਕਰਨ ਸਬੰਧੀ ਸਮੇਂ-ਸਮੇਂ ਸਿਰ ਸਰਟੀਫਿਕੇਟ ਉਸ ਅਧਿਕਰੀ ਤੋਂ ਦਿਵਾਇਆ ਜਾਵੇਗਾ, ਜਿਸ ਵੱਲੋਂ ਉਸ ਦੀ ਇਮਾਰਤ ਦੀ ਉਸਾਰੀ ਦੀ ਸੁਪਰਵੀਜ਼ਨ ਕੀਤੀ ਜਾ ਰਹੀ ਹੈ ਅਤੇ ਇਹ ਸਰਟੀਫਿਕੇਟ ਮਿਉਂਸਪਲ ਕੌਂਸਲ, ਜ਼ੀਰਕਪੁਰ ਵੱਲੋਂ ਤਸਦੀਕ ਕਰਨ ਤੇ ਗਲਤ ਪਾਏ ਜਾਣ ਦੀ ਸੂਰਤ ਵਿੱਚ ਬਿਨੈਕਾਰ ਨੂੰ ਦਿੱਤੀ ਗਈ ਪ੍ਰਵਾਨਗੀ ਰੱਦ ਸਮਝੀ ਜਾਵੇਗੀ।
8. ਬਿਨੈਕਾਰ ਮਿਉਂਸਪਲ ਕੌਂਸਲ ਤੋਂ ਬਿਨਾਂ ਆਕੂਪੇਸ਼ਨ ਸਰਟੀਫਿਕੇਟ ਲਿਆ ਬਿਲਡਿੰਗ ਦੀ ਵਰਤੋਂ ਨਹੀਂ ਕਰ ਸਕੇਗਾ।
9. ਬਿਨੈਕਾਰ ਨੂੰ ਜੇਕਰ ਮਿਉਂਸਪਲ ਕੌਂਸਲ, ਜ਼ੀਰਕਪੁਰ ਤੋਂ ਇਲਾਵਾ ਉਸਾਰੀ ਲਈ ਕਿਸੇ ਹੋਰ ਵਿਭਾਗ ਜਾਂ ਅਦਾਰੇ ਤੋਂ ਮੰਨਜ਼ੂਰੀ ਲੈਣ ਦੀ ਲੋੜ ਹੋਵੇ ਤਾਂ ਉਸ ਨੂੰ ਲੈਣ ਦੀ ਜਿੰਮੇਵਾਰੀ ਬਿਨੈਕਾਰ ਦੀ ਆਪਣੀ ਹੋਵੇਗੀ।

ਜ਼ਰੂਰੀ ਨੋਟ : ਆਪ ਵੱਲੋਂ ਪ੍ਰਵਾਨ ਕੀਤੇ ਨਕਸ਼ੇ ਦੀ ਉਲੰਘਣਾ ਕਰਨ/ਬਿਲਡਿੰਗ ਬਾਈਲਾਜ ਦੀ ਉਲੰਘਣਾ ਕਰਨ ਜਾਂ ਮਿਉਂਸਪਲ ਕੌਂਸਲ, ਜ਼ੀਰਕਪੁਰ ਨੂੰ ਗਲਤ ਜਾਣਕਾਰੀ ਦੇ ਕੇ ਨਕਸ਼ਾ ਪਾਸ ਕਰਵਾ ਲੈਣ ਦੀ ਸੂਰਤ ਵਿੱਚ ਬਿਨਾਂ ਕੋਈ ਨੋਟਿਸ ਦਿੱਤੇ ਆਪ ਦੀ ਇਹ ਮੰਨਜ਼ੂਰੀ ਰੱਦ ਕਰਨ ਦਾ ਅਧਿਕਾਰ ਮਿਉਂਸਪਲ ਕੌਂਸਲ ਨੂੰ ਹੈ ਅਤੇ ਬਿਨੈਕਾਰ ਨਗਰ ਪੰਚਾਇਤ ਤੋਂ ਕੋਈ ਮੁਆਵਜ਼ਾ ਨਹੀਂ ਵਸੂਲ ਕਰ ਸਕਦਾ। ਮਿਉਂਸਪਲ ਕੌਂਸਲ, ਜ਼ੀਰਕਪੁਰ ਦੀ ਜਗ੍ਹਾਂ/ ਸੜਕ ਉਤੇ ਕਿਸੇ ਪ੍ਰਕਾਰ ਦੀ ਇੰਕਰੋਚਮੈਂਟ ਕਰਨ ਦੀ ਪ੍ਰਵਾਨਗੀ ਨਹੀਂ ਹੈ। ਇੰਕਰੋਚਮੈਂਟ ਕਰਨ ਅਤੇ ਬਿਲਡਿੰਗ ਬਾਈਲਾਜ ਦੀ ਉਲੰਘਣਾ ਕਰਨ, ਗਲਤ ਬਿਆਨੀ ਕਰਨ ਦੀ ਸੂਰਤ ਵਿੱਚ ਨ ਕੇਵਲ ਪੰਜਾਬ ਮਿਉਂਸਪਲ ਐਕਟ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਬਲਕਿ ਭਾਰਤ ਦੀ ਦੰਡ ਨਿਯਮਤਾ ਅਧੀਨ ਕਾਰਵਾਈ ਕੀਤੀ ਜਾਵੇਗੀ, ਜਿਸ ਦੇ ਹਰਜੇ ਵਾ ਖਰਚੇ ਦਾ ਬਿਨੈਕਾਰ ਖੁਦ ਜਿੰਮੇਵਾਰ ਹੋਵੇਗਾ।

ਕਾਰਜ ਸਾਧਕ ਅਫਸਰ,<br>ਮਿਉਂਸਪਲ ਕੌਂਸਲ, ਜ਼ੀਰਕਪੁਰ,

ਪਿੱਠ ਅੰਕਣ ਨੰ: ................

ਮਿਤੀ:..............

1. ਇਸ ਦਾ ਇੱਕ ਉਤਾਰਾ ਸ੍ਰੀ ..................................................................
.....................................................................................................
ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਿਉਂ ਜੋ ਉਕਤ ਨਕਸ਼ਾ ਆਪ ਵੱਲੋਂ ਤਿਆਰ ਕਰਕੇ ਪੇਸ਼ ਕੀਤਾ ਗਿਆ ਹੈ ਅਤੇ ਬਿਲਡਿੰਗ ਬਾਈਲਾਜ਼ ਅਨੁਸਾਰ ਇਸ ਬਿਲਡਿੰਗ ਦੀ ਉਸਾਰੀ ਦੀ ਨਿਗਰਾਨੀ ਆਪ ਵੱਲੋਂ ਕੀਤੀ ਜਾਣੀ ਹੈ। ਇਸ ਲਈ ਰੂਲਜ ਅਨੁਸਾਰ ਇਸ ਇਮਾਰਤ ਦੀ ਉਸਾਰੀ ਸਬੰਧੀ ਸਮੇਂ ਸਮੇਂ ਸਿਰ ਲੋੜੀਂਦੇ ਸਰਟੀਫਿਕੇਟ ਨਗਰ ਪੰਚਾਇਤ ਦੀ ਬਿਲਡਿੰਗ ਸ਼ਾਖਾ ਵਿੱਚ ਦਿੱਤੇ ਜਾਣ ਅਤੇ ਅਜਿਹਾ ਨਾਂ ਕਰਨ ਦੀ ਸੂਰਤ ਵਿੱਚ ਅਤੇ ਸਹੀ ਤੱਥ ਦਫਤਰ ਨੂੰ ਨਾਂ ਦੱਸਣ ਦੀ ਸੂਰਤ ਵਿੱਚ ਆਪ ਦੇ ਵਿਰੁੱਧ ਵੀ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ।
2. ਇਸ ਦਾ ਇੱਕ ਉਤਾਰਾ : ਏ.ਟੀ.ਪੀ./ਬਿਲਡਿੰਗ ਇੰਸਪੈਕਟਰ/ਡਰਾਫਟਸਮੈਨ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਹ ਉਕਤ ਦਰਸਾਈਆਂ ਗਈਆਂ ਸ਼ਰਤਾਂ ਦੀ ਪਾਲਣਾ ਕਰਾਉਣ ਲਈ ਕਾਰਵਾਈ ਕਰੇ।

ਕਾਰਜ ਸਾਧਕ ਅਫਸਰ,<br>ਮਿਉਂਸਪਲ ਕੌਂਸਲ, ਜ਼ੀਰਕਪੁਰ।